ਪ੍ਰਭਾਤੀ ਮਹਲਾ ੧ ॥ ਖਾਇਆ ਮੈਲੁ ਵਧਾਇਆ ਪੈਧੈ ਘਰ ਕੀ ਹਾਨਿ ॥ ਬਕਿ ਬਕਿ ਵਾਦੁ ਚਲਾਇਆ ਬਿਨੁ ਨਾਵੈ ਬਿਖੁ ਜਾਨਿ ॥ ੧॥ ਬਾਬਾ ਐਸਾ ਬਿਖਮ ਜਾਲਿ ਮਨੁ ਵਾਸਿਆ ॥ ਬਿਬਲੁ ਝਾਗਿ ਸਹਜਿ ਪਰਗਾਸਿਆ ॥੧॥ ਰਹਾਉ ॥ ਬਿਖੁ ਖਾਣਾ ਬਿਖੁ ਬੋਲਣਾ ਬਿਖੁ ਕੀ ਕਾਰ ਕਮਾਇ ॥ ਜਮ ਦਰਿ ਬਾਧੇ ਮਾਰੀਅਹਿ ਛੂਟਸਿ ਸਾਚੈ ਨਾਇ ॥ ੨॥ ਜਿਵ ਆਇਆ ਤਿਵ ਜਾਇਸੀ ਕੀਆ ਲਿਖਿ ਲੈ ਜਾਇ ॥ ਮਨਮੁਖਿ ਮੂਲੁ ਗਵਾਇਆ ਦਰਗਹ ਮਿਲੈ ਸਜਾਇ ॥ ੩॥ ਜਗੁ ਖੋਟੌ ਸਚੁ ਨਿਰਮਲੌ ਗੁਰ ਸਬਦੀਂ ਵੀਚਾਰਿ ॥ ਤੇ ਨਰ ਵਿਰਲੇ ਜਾਣੀਅਹਿ ਜਿਨ ਅੰਤਰਿ ਗਿਆਨੁ ਮੁਰਾਰਿ ॥ ੪॥ ਅਜਰੁ ਜਰੈ ਨੀਝਰੁ ਝਰੈ ਅਮਰ ਅਨੰਦ ਸਰੂਪ ॥ ਨਾਨਕੁ ਜਲ ਕੌ ਮੀਨੁ ਸੈ ਥੇ ਭਾਵੈ ਰਾਖਹੁ ਪ੍ਰੀਤਿ ॥ ੫॥੧੩॥ {ਪੰਨਾ 1331}

ਪਦ ਅਰਥ:- ਪੈਧੈ—ਪਹਿਨਣ ਨਾਲ, ਪਹਿਨਣ ਦੇ ਰਸ ਵਿਚ ਫਸੇ ਰਿਹਾਂ। ਹਾਨਿ—ਨੁਕਸਾਨ। ਘਰ ਕੀ ਹਾਨਿ—ਘਰ ਦਾ ਹੀ ਨੁਕਸਾਨ, ਆਪਣਾ ਹੀ ਨੁਕਸਾਨ, ਆਪਣੇ ਆਤਮਕ ਜੀਵਨ ਨੂੰ ਹੀ ਘਾਟਾ। ਬਕਿ ਬਕਿ—ਬੋਲ ਬੋਲ ਕੇ। ਵਾਦੁ—ਝਗੜਾ। ਬਿਖੁ—ਜ਼ਹਿਰ। ਜਾਨਿ—ਸਮਝ।1।

ਬਾਬਾ—ਹੇ ਭਾਈ! ਐਸਾ ਵਾਸਿਆ—ਅਜੇਹੀ ਭੈੜੀ ਤਰ੍ਹਾਂ ਪਾਇਆ ਗਿਆ ਹੈ, ਅਜੇਹਾ ਬੁਰਾ ਫਸਾਇਆ ਗਿਆ ਹੈ। ਬਿਖਮ ਜਾਲਿ—ਔਖੇ ਜਾਲ ਵਿਚ। ਬਿਬਲੁ—ਹੜ੍ਹਾਂ ਦਾ ਪਾਣੀ ਜੋ ਝੱਗ ਨਾਲ ਭਰਿਆ ਹੁੰਦਾ ਹੈ। ਝਾਗਿ—ਔਖਿਆਈ ਨਾਲ ਲੰਘ ਕੇ। ਸਹਜਿ—ਟਿਕਵੀਂ ਹਾਲਤ ਵਿਚ, ਅਡੋਲ ਅਵਸਥਾ ਵਿਚ।1। ਰਹਾਉ।

ਜਮ ਦਰਿ—ਜਮ ਰਾਜ ਦੇ ਦਰ ਤੇ। ਮਾਰੀਅਹਿ—ਮਾਰੀਦੇ ਹਨ, ਕੁੱਟੀਦੇ ਹਨ। ਸਾਚੈ ਨਾਇ—ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਨਾਮ ਵਿਚ (ਜੁੜ ਕੇ)।2।

ਕੀਆ—ਕੀਤੇ ਕਰਮਾਂ ਦਾ ਸਮੂਹ। ਲਿਖਿ—ਲਿਖ ਕੇ, (ਕੀਤੇ ਕਰਮਾਂ ਦੇ) ਸੰਸਕਾਰ ਮਨ ਵਿਚ ਉੱਕਰ ਕੇ। ਮੂਲੁ—ਅਸਲ ਰਾਸਿ ਪੂੰਜੀ।3।

ਮੁਰਾਰਿ ਗਿਆਨੁ—ਪਰਮਾਤਮਾ ਨਾਲ ਸਾਂਝ।4।

ਅਜਰੁ—ਉਹ ਚੋਟ ਜੋ ਸਹਾਰਨੀ ਔਖੀ ਹੈ। ਜਰੈ—ਸਹਾਰ ਲਏ। ਨੀਝਰੁ—ਚਸ਼ਮਾ। ਝਰੈ—ਚੱਲ ਪੈਂਦਾ ਹੈ, ਫੁੱਟ ਪੈਂਦਾ ਹੈ। ਜਲ ਕੌ—ਪਾਣੀ ਨੂੰ। ਮੀਨੁ—ਮੱਛ, ਮੱਛੀ। ਸੈ—ਹੈ। ਥੇ—ਤੈਨੂੰ (ਹੇ ਪ੍ਰਭੂ!)। ਭਾਵੈ—ਚੰਗਾ ਲੱਗੇ।5।

ਅਰਥ:- ਹੇ ਭਾਈ! (ਖਾਣ ਹੰਢਾਣ ਤੇ ਆਪਣੀ ਸੋਭਾ ਕਰਾਣ ਆਦਿਕ ਤੇ) ਔਖੇ ਜਾਲ ਵਿਚ ਮਨ ਅਜੇਹਾ ਫਸਦਾ ਹੈ (ਕਿ ਇਸ ਵਿਚੋਂ ਨਿਕਲਣਾ ਕਠਨ ਹੋ ਜਾਂਦਾ ਹੈ। ਸੰਸਾਰ-ਸਮੁੰਦਰ ਵਿਚ ਮਾਇਆ ਦੇ ਰਸਾਂ ਦੀਆਂ ਠਿੱਲਾਂ ਪੈ ਰਹੀਆਂ ਹਨ, ਇਸ) ਝੱਗੂਲੇ ਪਾਣੀ ਨੂੰ ਔਖਿਆਈ ਨਾਲ ਲੰਘ ਕੇ ਹੀ ਜਦੋਂ ਟਿਕਵੀਂ ਅਵਸਥਾ ਵਿਚ ਅਪੜੀਦਾ ਹੈ ਤਦੋਂ ਮਨੁੱਖ ਦੇ ਅੰਦਰ ਗਿਆਨ ਦਾ ਪ੍ਰਕਾਸ਼ ਹੁੰਦਾ ਹੈ।1। ਰਹਾਉ।

ਪ੍ਰਭੂ ਦਾ ਸਿਮਰਨ ਛੱਡ ਕੇ ਜਿਉਂ ਜਿਉਂ ਮਨੁੱਖ ਸੁਆਦਲੇ ਖਾਣੇ ਖਾਂਦਾ ਹੈ ਤਿਉਂ ਤਿਉਂ ਖਾਣ ਦੇ ਚਸਕੇ ਦੀ ਮੈਲ ਆਪਣੇ ਮਨ ਵਿਚ ਵਧਾਂਦਾ ਹੈ, (ਸੁੰਦਰ ਬਸਤ੍ਰ) ਪਹਿਨਣ ਦੇ ਰਸ ਵਿਚ ਫਸਿਆਂ ਭੀ ਮਨੁੱਖ ਦੇ ਆਤਮਕ ਜੀਵਨ ਨੂੰ ਹੀ ਘਾਟ ਪੈਂਦੀ ਹੈ। (ਆਪਣੇ ਆਪ ਨੂੰ ਵਡਿਆਉਣ ਦੇ) ਬੋਲ ਬੋਲ ਕੇ ਭੀ (ਦੂਜਿਆਂ ਨਾਲ) ਝਗੜਾ ਖੜਾ ਕਰ ਲੈਂਦਾ ਹੈ। (ਸੋ, ਹੇ ਭਾਈ! ਸਿਮਰਨ ਤੋਂ ਖੁੰਝ ਕੇ ਇਹੀ) ਸਮਝ ਕਿ ਮਨੁੱਖ ਜ਼ਹਿਰ (ਵਿਹਾਝਦਾ ਹੈ)।1।

(ਮੋਹ ਦੇ ਜਾਲ ਵਿਚ ਫਸ ਕੇ) ਮਨੁੱਖ ਜੋ ਕੁਝ ਖਾਂਦਾ ਹੈ ਉਹ ਭੀ (ਆਤਮਕ ਜੀਵਨ ਲਈ) ਜ਼ਹਿਰ, ਜੋ ਕੁਝ ਬੋਲਦਾ ਹੈ ਉਹ ਭੀ ਜ਼ਹਿਰ, ਜੋ ਕੁਝ ਕਰਦਾ ਕਮਾਂਦਾ ਹੈ ਉਹ ਭੀ ਜ਼ਹਿਰ ਹੀ ਹੈ। (ਅਜੇਹੇ ਬੰਦੇ ਆਖ਼ਿਰ) ਜਮ ਰਾਜ ਦੇ ਬੂਹੇ ਤੇ ਬੱਧੇ ਹੋਏ (ਮਾਨਸਕ ਦੁੱਖਾਂ ਦੀ) ਮਾਰ ਖਾਂਦੇ ਹਨ। (ਇਹਨਾਂ ਮਾਨਸਕ ਦੁੱਖਾਂ ਤੋਂ) ਉਹੀ ਖ਼ਲਾਸੀ ਹਾਸਲ ਕਰਦਾ ਹੈ

ਜੋ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੇ ਨਾਮ ਵਿਚ ਜੁੜਦਾ ਹੈ।2।

ਜਗਤ ਵਿਚ ਜਿਵੇਂ ਜੀਵ ਨੰਗਾ ਆਉਂਦਾ ਹੈ ਤਿਵੇਂ ਨੰਗਾ ਹੀ ਇਥੋਂ ਚਲਾ ਜਾਂਦਾ ਹੈ (ਪਰ ਮੋਹ ਦੇ ਕਰੜੇ ਜਾਲ ਵਿਚ ਫਸਿਆ ਰਹਿ ਕੇ ਇਥੋਂ) ਕੀਤੇ ਮੰਦੇ ਕਰਮਾਂ ਦੇ ਸੰਸਕਾਰ ਆਪਣੇ ਮਨ ਵਿਚ ਉੱਕਰ ਕੇ ਆਪਣੇ ਨਾਲ ਲੈ ਤੁਰਦਾ ਹੈ। (ਸਾਰੀ ਉਮਰ) ਆਪਣੇ ਮਨ ਦੇ ਪਿੱਛੇ ਤੁਰ ਕੇ (ਭਲੇ ਗੁਣਾਂ ਦੀ) ਰਾਸਿ-ਪੂੰਜੀ (ਜੋ ਥੋੜੀ ਬਹੁਤ ਪੱਲੇ ਸੀ ਇਥੇ ਹੀ) ਗਵਾ ਜਾਂਦਾ ਹੈ, ਤੇ ਪਰਮਾਤਮਾ ਦੀ ਦਰਗਾਹ ਵਿਚ ਇਸ ਨੂੰ ਸਜ਼ਾ ਮਿਲਦੀ ਹੈ।3।

ਜਗਤ (ਦਾ ਮੋਹ) ਖੋਟਾ ਹੈ (ਭਾਵ, ਮਨੁੱਖ ਦੇ ਮਨ ਨੂੰ ਖੋਟਾ ਮੈਲਾ ਬਣਾ ਦੇਂਦਾ ਹੈ), ਪਰਮਾਤਮਾ ਦਾ ਸਦਾ-ਥਿਰ ਨਾਮ ਪਵਿਤ੍ਰ ਹੈ (ਮਨ ਨੂੰ ਭੀ ਪਵਿਤ੍ਰ ਕਰਦਾ ਹੈ), (ਇਹ ਸੱਚਾ ਨਾਮ ਗੁਰੂ ਦੇ ਸ਼ਬਦ ਵਿਚ ਸੁਰਤਿ ਜੋੜਿਆਂ ਹੀ ਪ੍ਰਾਪਤ ਹੁੰਦਾ ਹੈ। (ਪਰ) ਅਜੇਹੇ ਬੰਦੇ ਕੋਈ ਵਿਰਲੇ ਵਿਰਲੇ ਹੀ ਲੱਭਦੇ ਹਨ ਜਿਨ੍ਹਾਂ ਨੇ ਆਪਣੇ ਹਿਰਦੇ ਵਿਚ ਪਰਮਾਤਮਾ ਨਾਲ ਜਾਣ-ਪਛਾਣ ਪਾਈ ਹੈ।4।

(ਮਾਇਆ ਦੇ ਮੋਹ ਦੀ ਸੱਟ ਸਹਾਰਨੀ ਬੜੀ ਔਖੀ ਖੇਡ ਹੈ, ਇਹ ਸੱਟ ਆਤਮਾ ਨੂੰ ਮਾਰ ਕੇ ਰੱਖ ਦੇਂਦੀ ਹੈ, ਪਰ ਜੇਹੜਾ ਕੋਈ) ਇਸ ਨਾਹ ਸਹਾਰੀ ਜਾਣ ਵਾਲੀ ਸੱਟ ਨੂੰ ਸਹਾਰ ਲੈਂਦਾ ਹੈ (ਉਸ ਦੇ ਅੰਦਰ) ਸਦਾ ਅਟੱਲ ਤੇ ਆਨੰਦ-ਸਰੂਪ ਪਰਮਾਤਮਾ (ਦੇ ਪਿਆਰ) ਦਾ ਚਸ਼ਮਾ ਫੁੱਟ ਪੈਂਦਾ ਹੈ।

ਹੇ ਪ੍ਰਭੂ! ਜਿਵੇਂ ਮੱਛੀ (ਵਧੀਕ ਵਧੀਕ) ਜਲ ਨੂੰ ਤਾਂਘਦੀ ਹੈ, ਜਿਵੇਂ (ਤੇਰਾ ਦਾਸ) ਨਾਨਕ (ਤੇਰੀ ਪ੍ਰੀਤਿ ਲੋੜਦਾ ਹੈ) ਤੇਰੀ ਮੇਹਰ ਹੋਵੇ, ਤਾਂ ਤੂੰ ਆਪਣਾ ਪਿਆਰ (ਮੇਰੇ ਹਿਰਦੇ ਵਿਚ) ਟਿਕਾਈ ਰੱਖ (ਤਾ ਕਿ ਨਾਨਕ ਮਾਇਆ ਦੇ ਮੋਹ-ਜਾਲ ਵਿਚ ਫਸਣੋਂ ਬਚਿਆ ਰਹੇ)।5।13।